[illegible] ਪ੍ਰਾਂਤਕ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ, ਸਾਹਮਣੇ ਪੁਲਿਸ ਸਟੇਸ਼ਨ,
ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ)।
E-mail Id : pwdmohali@gmail.com Tel. & Fax No. 0172-2226328

ਵੱਲ,

The Principal,
Swami Ram Tirtha Public High School,
Phase 4, SAS Nagar.

ਨੰ: 9523 ਮਿਤੀ: 10-10-23

ਵਿਸ਼ਾ:- ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।

ਹਵਾਲਾ:- ਆਪ ਦੇ ਸਕੂਲ ਦਾ ਪੱਤਰ ਨੰ. SRTHS 23/24 ਮਿਤੀ 02-09-2023

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ , ਲੋ.ਨਿ.ਵਿ. ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋਂ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ। ਮਾਨਯੋਗ ਸਕੱਤਰ, ਪੰਜਾਬ, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਚੰਡੀਗੜ੍ਹ ਜੀ ਦੇ ਦਫਤਰੀ ਆਰਡਰ ਨੰ. 5/13/2018-3BR3/1294287/3 ਮਿਤੀ 10-08-2018 ਰਾਹੀਂ ਇਮਾਰਤ ਦੀ ਲੋੜੀਂਦੀ 1 ਸਾਲ ਦੀ ਸਕੂਲ ਵੱਲੋਂ ਇੰਸਪੈਕਸ਼ਨ ਫੀਸ ਰੁਪਏ 10000/-ਜੀ.ਆਰ. ਨੰ. 4300083 ਮਿਤੀ 04-10-2023 ਰਾਹੀਂ ਜਮ੍ਹਾਂ ਕਰਵਾ ਦਿੱਤੀ ਗਈ ਹੈ। ਸਕੂਲ ਦੀ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ R.V. Sharma, Architects & Associates ਦੇ ਪੱਤਰ ਮਿਤੀ 08-05-2023 ਅਤੇ ਉਪ ਮੰਡਲ ਇੰਜੀਨੀਅਰ ਦੀ ਸਬੰਧਤ ਰਿਪੋਰਟ ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ 31-03-2024 ਤੱਕ ਇਸ ਸ਼ਰਤ ਤੇ ਜਾਰੀ ਕੀਤਾ ਜਾਂਦਾ ਹੈ ਕਿ ਇਹ ਸਕੂਲ, ਫਾਇਰ ਸੇਫਟੀ ਸਰਟੀਫਿਕੇਟ ਮਿਤੀ 21-10-2023 ਤੋਂ 31-03-2024 ਤੱਕ ਇਸ ਦਫਤਰ ਵਿੱਚ ਜਮ੍ਹਾਂ ਕਰਵਾਉਣਗੇ। ਜੇਕਰ ਉਕਤ ਸਮੇਂ ਦਾ ਫਾਇਰ ਸਰਟੀਫਿਕੇਟ ਜਮ੍ਹਾਂ ਨਹੀਂ ਕਰਵਾਇਆ ਜਾਂਦਾ ਤਾਂ ਇਹ ਸੇਫਟੀ ਸਰਟੀਫਿਕੇਟ ਮਿਤੀ 20-10-2023 ਤੱਕ ਹੀ ਸਮਝਿਆ ਜਾਵੇਗਾ। ਬਾਕੀ ਦੀਆਂ ਸ਼ਰਤਾਂ ਹੇਠ ਲਿਖੇ ਅਨੁਸਾਰ ਹਨ:-

1. ਜੇ ਸਕੂਲ ਦੀ ਇਮਾਰਤ ਵਿੱਚ ਕੋਈ ਵੀ ਵਾਧਾ/ਬਦਲਾਅ ਕੀਤਾ ਜਾਂਦਾ ਹੈ ਜਾਂ ਕਿਸੇ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋਂ ਇਸ ਦਾ ਸਰਟੀਫਿਕੇਟ ਦੁਬਾਰਾ ਲਿਆ ਜਾਵੇ।
2. ਜੇ ਬਿਲਡਿੰਗ ਹੜ੍ਹਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋਂ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋਂ ਦੁਬਾਰਾ ਚੈੱਕ ਕਰਵਾਇਆ ਜਾਵੇ।
3. ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ਼, ਐਸ.ਏ.ਐਸ ਨਗਰ ਵੱਲੋਂ ਉਨ੍ਹਾਂ ਦੇ ਨੰ. NOC No. 2004-61343-Fire/44022 ਮਿਤੀ 20-10-2022 ਦੁਆਰਾ ਜਾਰੀ ਕੀਤਾ ਗਿਆ ਹੈ। ਉਨ੍ਹਾਂ ਵੱਲੋਂ ਲਿਖਿਆ ਗਿਆ ਹੈ ਕਿ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।
4. ਜੇ ਕਿਸੇ ਵੀ ਹਾਲਾਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ-ਇੰਸਪੈਕਸ਼ਨ ਕਰਾਉਣ ਦੀ ਨਿਰੋਲ ਜਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ।
5. ਜੇਕਰ ਸਕੂਲ ਵੱਲੋਂ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋਂ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।
6. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

Attested
Rajni Kapila
Principal
Swami Ram Tirtha Public High School
Phase-IV, Mohali

ਨੱਥੀ/-

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ,ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ.

ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ (ਮੋਹਾਲੀ) ਨੂੰ ਉਨ੍ਹਾਂ ਦਾ ਪੱਤਰ ਨੰ. 753 ਮਿਤੀ 04-10-2023 ਦੇ ਹਵਾਲੇ ਵਿੱਚ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ